30 ਅਗਸਤ ਨੂੰ ਹੋਣ ਵਾਲਾ ਜ਼ਿਲ੍ਹਾ ਪੱਧਰੀ ਰੋਜ਼ਗਾਰ ਮੇਲਾ ਪ੍ਰਬੰਧਕੀ ਕਾਰਨਾਂ ਕਰਕੇ ਮੁਲਤਵੀ

ੑ ਨਵੀਂ ਮਿਤੀ ਦਾ ਕੀਤਾ ਜਾਵੇਗਾ ਜਲਦ ਹੀ ਐਲਾਨ- ਡਿਪਟੀ ਕਮਿਸ਼ਨਰ

ਤਰਨਤਾਰਨ, 29 ਅਗਸਤ :

ਪੰਜਾਬ ਕਾਲਜ ਆਫ਼ ਲਾਅ ਪਿੰਡ ਉਸਮਾਂ ਜ਼ਿਲ੍ਹਾ ਤਰਨਤਾਰਨ ਵਿਖੇ 30 ਅਗਸਤ 2017 ਨੂੰ ਹੋਣ ਵਾਲਾ ਜ਼ਿਲ੍ਹਾ ਪੱਧਰੀ ਰੋਜ਼ਗਾਰ ਮੇਲਾ ਪ੍ਰਬੰਧਕੀ ਕਾਰਨਾਂ ਕਾਰਨ ਮੁਲਤਵੀ ਕੀਤਾ ਗਿਆ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕਮਾਰ ਸੱਭਰਵਾਲ ਨੇ ਦੱਸਿਆ ਕਿ ਰੋਜ਼ਗਾਰ ਮੇਲੇ ਦੀ ਨਵੀਂ ਮਿਤੀ ਦਾ ਐਲਾਨ ਜਲਦ ਹੀ ਕੀਤਾ ਜਾਵੇਗਾ। ਉਨ੍ਹਾਂ ਇਸ ਮੇਲੇ ਲਈ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਉਮੀਦਵਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਟੋਕਨ ਨੰਬਰ ਸੰਭਾਲ ਕੇ ਰੱਖਣ। ਇਹ ਟੋਕਨ ਨਵੀਂ ਮਿਤੀ ’ਤੇ ਵਰਤੇ ਜਾਣਗੇ। ਉਨ੍ਹਾਂ ਹੋਈ ਇਸ ਅਸੁਵਿਧਾ ਲਈ ਖੇਦ ਦਾ ਪ੍ਰਗਟਾਵਾ ਵੀ ਕੀਤਾ।

-----------------------

